**Vigilance Bureau Punjab**

## VIGILANCE NABS REVENUE PATWARI FOR TAKING BRIBE

Chandigarh, December 18: State Vigilance Bureau nabbed a Revenue Patwari red handed while accepting bribe of Rs. 10,000.

Disclosing this here an official spokesperson of the Vigilance Bureau said Amardeep Dingh Mal, Patwari posted at Gobindpur in SBS Nagar district was nabbed red handed by Vigilance team for accepting bribe of Rs. 10,000 from complainant Tejinder Singh of village Gobindpur in SBS Nagar district.

The Complainant has approached the VB that the above said Patwari was demanding Rs. 10,000 for the mutation of his land.

After verifying his information, the Vigilance team laid a trap and the accused Patwari was arrested on the spot while accepting bribe of Rs. 4,000/- from the complainant in the presence of two official witnesses

He informed that a case under Prevention of Corruption Act has been registered against the accused at VB police station Jalandhar and further investigations was under progress.

--------------------------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ 10,000 ਦੀ ਰਿਸ਼ਵਤ ਲੈਂਦਾ ਪਟਵਾਰੀ ਕਾਬੂ

ਚੰਡੀਗੜ੍ਹ, 18 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਮਾਲ ਹਲਕਾ ਗੋਬਿੰਦਪੁਰ, ਜਿਲਾ ਐਸ.ਬੀ.ਐਸ ਨਗਰ ਵਿਖੇ ਤਾਇਨਾਤ ਪਟਵਾਰੀ ਅਮਰਦੀਪ ਸਿੰਘ ਮੱਲ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਅਮਰਦੀਪ ਸਿੰਘ ਨੂੰ ਸ਼ਿਕਾਇਤਕਰਤਾ ਤੇਜਿੰਦਰ ਸਿੰਘ ਵਾਸੀ ਪਿੰਡ ਗੋਬਿੰਦਪੁਰ, ਜਿਲਾ ਐਸ.ਬੀ.ਐਸ ਨਗਰ ਦੀ ਸ਼ਿਕਾਇਤ ’ਤੇ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਉਸ ਦੀ ਜਮੀਨ ਦਾ ਵਿਰਾਸਤੀ ਇੰਤਕਾਲ ਦਰਜ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਜਲੰਧਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------------